Tape/CD: 1349

# ਪੰਨਾ ੧੧੩੪

ਭੈਰਉ ਮਹਲਾ ੪ ॥ ਸੁਕ੍ਰਿਤੁ ਕਰਣੀ ਸਾਰੁ ਜਪਮਾਲੀ ॥ ਹਿਰਦੈ ਫੇਰਿ ਚਲੈ ਤੁਧੁ ਨਾਲੀ ॥ ੧ ॥ ਹਰਿ ਹਰਿ ਨਾਮੁ ਜਪਹੁ ਬਨਵਾਲੀ ॥ ਕਰਿ ਕਿਰਪਾ ਮੇਲਹੁ ਸਤਸੰਗਤਿ ਤੂਟਿ ਗਈ ਮਾਇਆ ਜਮ ਜਾਲੀ ॥ ੧ ॥ ਰਹਾਉ ॥ ਗੁਰਮੁਖਿ ਸੇਵਾ ਘਾਲਿ ਜਿਨਿ ਘਾਲੀ ॥ ਤਿਸੁ ਘੜੀਐ ਸਬਦੁ ਸਚੀ ਟਕਸਾਲੀ ॥ ੨ ॥ ਹਰਿ ਅਗਮ ਅਗੋਚਰੁ ਗੁਰਿ ਅਗਮ ਦਿਖਾਲੀ ॥ ਵਿਚਿ ਕਾਇਆ ਨਗਰ ਲਧਾ ਹਰਿ ਭਾਲੀ ॥ ੩ ॥ ਹਮ ਬਾਰਿਕ ਹਰਿ ਪਿਤਾ ਪ੍ਰਤਿਪਾਲੀ ॥ ਜਨ ਨਾਨਕ ਤਾਰਹੁ ਨਦਰਿ ਨਿਹਾਲੀ ॥ ੪ ॥ ੩ ॥